# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 30-06-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪਸ਼ੂ ਚਿਕਿਤਸਾ ਅਤੇ ਦੇਖਭਾਲ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਲਈ ਨਵੀਂ ਤਕਨਾਲੋਜੀ ਦੀ ਵਰਤੋਂ ਦਾ ਸੱਦਾ ਦਿੱਤਾ।
- ਪੰਜਾਬ ਪੁਲਿਸ, ਸੀਮਾ ਸੁਰੱਖਿਆ ਬਲ ਅਤੇ ਰਾਜਸਥਾਨ ਪੁਲਿਸ ਨੇ ਸਾਂਝੇ ਆਪ੍ਰੇਸ਼ਨ ਵਿੱਚ, ਪਾਕਿਸਤਾਨ ਤੋਂ ਸੰਚਾਲਿਤ ਇੱਕ ਅੰਤਰ-ਰਾਸ਼ਟਰੀ ਡਰੱਗ ਕਾਰਟੈਲ ਦਾ ਕੀਤਾ ਖ਼ਾਤਮਾ- 60 ਕਿਲੋ ਹੈਰੋਇਨ ਜ਼ਬਤ।
- ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਪੰਜਾਬ ਸਰਕਾਰ ਵੱਲੋਂ ਲਿਆਂਦੀ ਲੈਂਡ ਪੂਲਿੰਗ ਨੀਤੀ ਨੂੰ ਚਿਟ ਫੰਡ ਸਕੀਮ ਕਰਾਰ ਦਿੰਦਿਆਂ, ਸੂਬਾ ਸਰਕਾਰ ਵਲੋਂ ਲੋਕਾਂ ਨੂੰ ਗੁੰਮਰਾਹ ਕਰਨ ਦਾ ਦੋਸ਼ ਲਗਾਇਆ।

- ਮਾਨਸੂਨ ਸੀਜ਼ਨ ਦੇ ਮੱਦੇਨਜ਼ਰ ਕੈਬਿਨਟ ਮੰਤਰੀ ਮੋਹਿੰਦਰ ਭਗਤ ਵਲੋਂ ਪੰਜਾਬ ਰਾਜ ਬਿਜਲੀ  ਕਾਰਪੋਰੇਸ਼ਨ ਨੂੰ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਅਤੇ ਲੋਕਾਂ ਦੀ ਸੁਰੱਖਿਆ ਲਈ ਹਦਾਇਤਾਂ ਜਾਰੀ ।
- ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਹਿਮਾਚਲ ਪ੍ਰਦੇਸ਼ ਸਮੇਤ ਹੋਰਨਾਂ ਕਈ ਸੂਬਿਆਂ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ।

ਹੁਣ ਖਬਰਾਂ ਵਿਸਥਾਰ ਨਾਲ.....

--------------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਹੋਰ ਖੇਤਰਾਂ ਵਾਂਗ, ਤਕਨਾਲੋਜੀ ਵਿਚ ਪਸ਼ੂ ਦਵਾ ਅਤੇ ਦੇਖਭਾਲ ਵਿੱਚ ਕ੍ਰਾਂਤੀਕਰਿ ਤਬਦੀਲੀ ਲਿਆਉਣ ਦੀ ਸਮਰੱਥਾ ਏ ।ਅੱਜ ਸਵੇਰੇ ਉੱਤਰ ਪ੍ਰਦੇਸ਼ ਦੇ ਬਰੇਲੀ ਵਿਖੇ ਭਾਰਤੀ ਪਸ਼ੂ  ਖੋਜ ਸੰਸਥਾ ਦੇ 11ਵੇਂ ਕਨਵੋਕੇਸ਼ਨ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਤਕਨਾਲੋਜੀ ਦੀ ਵਰਤੋਂ, ਦੇਸ਼ ਭਰ ਦੇ ਪਸ਼ੂ ਹਸਪਤਾਲਾਂ ਨੂੰ ਸਸ਼ਕਤ ਬਣਾ ਸਕਦੀ ਏ ।BYTE ਰਾਸ਼ਟਰਪਤੀ ਨੇ ਕਿਹਾ ਕਿ ਅੱਜ ਇੱਕ ਸਿਹਤ ਦੀ ਧਾਰਨਾ ਦੁਨੀਆ ਭਰ ਵਿੱਚ ਮਹੱਤਵਪੂਰਨ ਹੁੰਦੀ ਜਾ ਰਹੀ ਏ। ਇਹ ਧਾਰਨਾ ਇਹ ਮੰਨਦੀ ਏ ਕਿ ਮਨੁੱਖ, ਘਰੇਲੂ ਅਤੇ ਜੰਗਲੀ ਜਾਨਵਰ, ਬਨਸਪਤੀ ਅਤੇ ਵਾਤਾਵਰਣ

ਸਾਰੇ ਆਪਸ ਵਿੱਚ ਨਿਰਭਰ ਨੇ । BYTE- ਰਾਸ਼ਟਰਪਤੀ ਨੇ ਪਸ਼ੂਆਂ ਦੀ ਸੇਵਾ ਕਰਨ ਦੀ ਨੈਤਿਕ ਜ਼ਿੰਮੇਵਾਰੀ 'ਤੇ ਜ਼ੋਰ ਦਿੱਤਾ, ਪਸ਼ੂਆਂ ਦੇ ਪੇਸ਼ੇਵਰਾਂ ਨੂੰ ਉਨ੍ਹਾਂ ਦੀ ਸਿਖਲਾਈ ਅਤੇ ਉਦੇਸ਼ ਪ੍ਰਤੀ ਵਚਨਬੱਧ ਰਹਿਣ ਦੀ ਅਪੀਲ ਕੀਤੀ।

------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਇੱਕ ਲੇਖ ਸਾਂਝਾ ਕੀਤਾ ਜਿਸ ਵਿੱਚ ਇਹ ਦਸਿਆ ਗਿਆ ਏ ਕਿ ਨੀਤੀਗਤ ਪ੍ਰੇਰਣਾ ਅਤੇ ਨਵੀਨਤਾ, ਭਾਰਤ ਨੂੰ ਆਲਮੀ ਇਸਪਾਤ ਲੀਡਰਸ਼ਿਪ ਵੱਲ ਕਿਵੇਂ ਪ੍ਰੇਰਿਤ ਕਰ ਰਹੇ ਨੇ । ਕੇਂਦਰੀ ਸਟੀਲ ਅਤੇ ਉਦਯੋਗ ਮੰਤਰੀ ਐਚ.ਡੀ. ਕੁਮਾਰ-ਸਵਾਮੀ ਦੁਆਰਾ ਇੱਕ ਸੋਸ਼ਲ ਮੀਡੀਆ ਪੋਸਟ ਦੇ ਜਵਾਬ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਬੁਨਿਆਦੀ ਢਾਂਚਾ ਅਤੇ ਰੱਖਿਆ ਤੋਂ ਲੈ ਕੇ ਇਲੈਕਟ੍ਰਿਕ ਗਤੀਸ਼ੀਲਤਾ ਅਤੇ ਸਾਫ਼ ਊਰਜਾ ਤੱਕ, ਇਸਪਾਤ ਉੱਭਰ ਰਹੇ ਭਾਰਤ ਦੀ ਰੀੜ੍ਹ ਨੇ। ਕੇਂਦਰੀ ਮੰਤਰੀ ਨੇ ਆਪਣੇ ਲੇਖ ਵਿੱਚ ਕਿਹਾ ਕਿ ਸੁਰਜੀਤ ਹੋ ਰਿਹਾ ਇਸਪਾਤ ਖੇਤਰ ਇੱਕ ਨਵੇਂ ਭਾਰਤ ਦੇ ਉਭਾਰ ਨੂੰ ਆਕਾਰ ਦੇ ਰਿਹਾ ਏ । ਮੰਤਰੀ ਨੇ ਕਿਹਾ ਸ਼ਾਹਰਾਹ ਤੋਂ ਲੈ ਕੇ ਹਾਈ-ਸਪੀਡ ਰੇਲ, ਮੈਟਰੋ ਨੈੱਟਵਰਕ ਤੋਂ ਲੈ ਕੇ ਨਵਿਆਉਣਯੋਗ ਊਰਜਾ ਪਾਰਕਾਂ ਤੱਕ, ਇਲੈਕਟ੍ਰਿਕ ਵਾਹਨਾਂ ਤੋਂ ਲੈ ਕੇ ਰੱਖਿਆ ਖੇਤਰ ਤੱਕ, ਭਾਰਤ ਦਾ

ਇਸਪਾਤ ਸਾਡੀ ਬੁਨਿਆਦੀ ਢਾਂਚਾ ਕ੍ਰਾਂਤੀ ਦੇ ਕੇਂਦਰ ਵਿੱਚ ਏ ।

---------------------------------------------------------------------

ਐਮਰਜੈਂਸੀ ਲਾਗੂ ਕਰਨ ਦੀ 50ਵੀਂ ਵਰ੍ਹੇਗੰਢ ਨੂੰ ਮਨਾਉਣ ਲਈ, ਦੇਸ਼ ਭਰ ਵਿੱਚ ਵੱਖ-ਵੱਖ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਨੇ ।ਇਸ ਸਮੇਂ ਦੌਰਾਨ ਮਿਸਾ ਅਧੀਨ ਕੈਦ ਕੀਤੇ ਗਏ ਲੋਕਾਂ ਨੂੰ ਸਨਮਾਨਿਤ ਕੀਤਾ ਜਾ ਰਿਹਾ ਏ । ਅਸੀਂ ਤਜਰਬੇਕਾਰ ਪੱਤਰਕਾਰ ਬਲਬੀਰ ਦੱਤ ਨਾਲ ਗੱਲਬਾਤ ਕੀਤੀ ਜਿਨ੍ਹਾਂ ਨੇ ਐਮਰਜੈਂਸੀ ਦੇ ਕਾਲੇ ਦਿਨਾਂ ਦੌਰਾਨ ਆਪਣਾ ਤਜਰਬਾ ਸਾਂਝਾ ਕੀਤਾ।BYTE:

---------------------------------------------------------------------

ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਲਿਆਂਦੀ ਗਈ ਲੈਂਡ ਪੂਲਿੰਗ ਨੀਤੀ ਨੂੰ ਚਿਟ ਫੰਡ ਸਕੀਮ ਕਰਾਰ ਦਿੱਤਾ ਅਤੇ ਦੋਸ਼ ਲਗਾਇਆ ਕਿ ਸੂਬਾ ਸਰਕਾਰ ਲੋਕਾਂ ਨੂੰ ਗੁੰਮਰਾਹ ਕਰ ਰਹੀ ਏ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਜ਼ਮੀਨ ਨੂੰ ਚਾਰ ਗੁਣਾ ਮੁਨਾਫ਼ੇ ਦਾ ਝੂਠਾ ਲਾਲਚ ਦੇ ਕੇ ਹੜੱਪਿਆ ਜਾ ਰਿਹਾ ਏ । ਅੱਜ ਚੰਡੀਗੜ੍ਹ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ BJP ਸੂਬਾ ਪ੍ਰਧਾਨ ਨੇ ਕਿਹਾ ਕਿ ਇਹ ਸਕੀਮ ਪੰਜਾਬ ਨੂੰ ਲੁੱਟਣ ਦੇ ਇਰਾਦੇ ਨਾਲ ਤਿਆਰ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਸਰਕਾਰ ਦੇ ਲੋਕ ਗਲਤ ਬਿਆਨਬਾਜ਼ੀ ਕਰ ਰਹੇ ਨੇ ਕਿ ਕਿਸਾਨ ਦੀ ਜ਼ਮੀਨ ਉਸ ਤੋਂ

ਨਹੀਂ ਖੋਹੀ ਜਾਵੇਗੀ, ਪਰ ਜਿਸ ਜ਼ਮੀਨ ਨੂੰ ਨੋਟੀਫਾਈ ਕੀਤਾ ਗਿਆ ਏ , ਕਿਸਾਨ ਹੁਣ ਉਸ ਜ਼ਮੀਨ ਨੂੰ ਵੀ ਨਹੀਂ ਵੇਚ ਸਕਦਾ। ਸ੍ਰੀ ਜਾਖੜ ਨੇ ਪੁੱਛਿਆ ਕਿ ਜਦੋਂ ਕੋਈ ਮਾਲਕ ਆਪਣੀ ਜ਼ਮੀਨ ਨਹੀਂ ਵੇਚ ਸਕਦਾ, ਤਾਂ ਕੀ ਇਹ ਉਸ ਦੇ ਅਧਿਕਾਰਾਂ ਦੀ ਉਲੰਘਣਾ ਨਹੀਂ ਏ ? ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਚੇਤਾਵਨੀ ਦਿੱਤੀ ਕਿ ਕਿਉਂਕਿ ਉਹ ਸੰਵਿਧਾਨਕ ਅਹੁਦਿਆਂ 'ਤੇ ਨੇ , ਇਸ ਲਈ ਉਨ੍ਹਾਂ ਨੂੰ ਪੰਜਾਬ ਦੇ ਲੋਕਾਂ ਦੀ ਲੁੱਟ ਲਈ ਜਵਾਬਦੇਹ ਠਹਿਰਾਇਆ ਜਾਵੇਗਾ, ਜਦੋਂ ਕਿ ਜੋ ਲੋਕ ਉਨ੍ਹਾਂ ਨੂੰ ਅਜਿਹਾ ਕਰਨ ਲਈ ਮਜਬੂਰ ਕਰ ਰਹੇ ਹਨ, ਉਹ ਸਰਕਾਰ ਬਦਲਦੇ ਹੀ ਦਿੱਲੀ ਚਲੇ ਜਾਣਗੇ। BJP ਦੇ ਸੂਬਾ ਪ੍ਰਧਾਨ ਨੇ ਕਿਹਾ ਕਿ ਜੇਕਰ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਸਰਕਾਰ ਬਣਾਉਂਦੀ ਏ , ਤਾਂ ਇਹ ਯਕੀਨੀ ਬਣਾਇਆ ਜਾਵੇਗਾ ਕਿ ਕਿਸਾਨ ਦੀ ਜ਼ਮੀਨ ਕਿਸਾਨ ਕੋਲ ਹੀ ਰਹੇ।

----------------------------------------------------------------------

ਪੰਜਾਬ ਪੁਲਿਸ, ਸੀਮਾ ਸੁਰੱਖਿਆ ਬਲ ਅਤੇ ਰਾਜਸਥਾਨ ਪੁਲਿਸ ਦੇ ਸਾਂਝੇ ਆਪ੍ਰੇਸ਼ਨ ਵਿੱਚ, ਪਾਕਿਸਤਾਨ ਤੋਂ ਸੰਚਾਲਿਤ ਇੱਕ ਅੰਤਰ-ਰਾਸ਼ਟਰੀ ਡਰੱਗ ਕਾਰਟੈਲ ਦਾ ਖਾਤਮਾ ਕੀਤਾ ਏ ।

ਪੰਜਾਬ ਪੁਲਿਸ ਮੁਖੀ, ਗੌਰਵ ਯਾਦਵ ਨੇ ਦੱਸਿਆ ਕਿ ਇਸ ਵੱਡੇ ਪੱਧਰ 'ਤੇ ਕਾਰਵਾਈ ਵਿੱਚ ਰਾਜਸਥਾਨ ਦੇ ਬਾੜਮੇਰ ਵਿੱਚ ਅੰਤਰ-ਰਾਸ਼ਟਰੀ ਸਰਹੱਦ ਦੇ ਨੇੜੇ ਤੋਂ 60 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਦੀ ਇੱਕ ਵੱਡੀ ਖੇਪ ਬਰਾਮਦ ਕੀਤੀ ਗਈ ਏ। BYTE:

ਇਸ ਮਾਮਲੇ ਦੀ ਅਗਲੇਰੀ ਕਾਰਵਾਈ ਜਾਰੀ ਏ ।

------------------------------------------------------------------

ਪਟਿਆਲਾ ਪੁਲਿਸ ਨੇ ਅੱਜ ਇੱਕ ਮੁਕਾਬਲੇ ਦੌਰਾਨ ਗੈਂਗਸਟਰ ਗੁਰਪ੍ਰੀਤ ਸਿੰਘ ਨੂੰ ਗ੍ਰਿਫ਼ਤਾਰ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਏ। ਇਸ ਕੋਲੋਂ 6 ਪਿਸਤੌਲ, 36 ਜ਼ਿੰਦਾ ਕਾਰਤੂਸ ਤੇ ਚੋਰੀ ਦਾ ਸਕੂਟਰ ਵੀ ਬਰਾਮਦ ਹੋਇਆ ਏ । ਐਸ.ਐਸ.ਪੀ ਪਟਿਆਲਾ ਵਰੁਣ ਸ਼ਰਮਾ ਸਰਹਿੰਦ ਰੋਡ 'ਤੇ ਘਟਨਾ ਸਥਾਨ 'ਤੇ ਪਹੁੰਚੇ ਅਤੇ ਮੀਡੀਆ ਨੂੰ ਪੁਲਿਸ ਕਾਰਵਾਈ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲਾਂ ਉਸ ਖਿਲਾਫ ਹਥਿਆਰਾਂ ਦੀ ਵਰਤੋਂ ਕਰਕੇ ਡਕੈਤੀ ਅਤੇ ਚੋਰੀ ਦੇ 5 ਮਾਮਲੇ ਦਰਜ ਸਨ। ਹਾਲ ਹੀ ਦੇ ਸਮੇਂ ਦੌਰਾਨ, ਉਸਨੇ ਬੈਂਕ ਦੇ ਸੁਰੱਖਿਆ ਗਾਰਡ ਤੋਂ ਹਥਿਆਰ ਖੋਹ ਕੇ ਬੈਂਕ ਡਕੈਤੀ ਕੀਤੀ ਏ।

------------------------------------------------------------------

ਪਠਾਨਕੋਟ ਜੀ.ਆਰ.ਪੀ ਪੁਲਿਸ ਨੇ ਅਮਰਨਾਥ ਯਾਤਰਾ ਅਤੇ ਨਸ਼ਾ ਮੁਕਤ ਮੁਹਿੰਮ ਤਹਿਤ ਕੈਂਟ ਸਟੇਸ਼ਨ 'ਤੇ ਚੈਕਿੰਗ ਦੌਰਾਨ ਇੱਕ ਵਿਅਕਤੀ

ਨੂੰ ਡੇਢ ਕਿਲੋ ਅਫੀਮ ਸਮੇਤ ਗ੍ਰਿਫ਼ਤਾਰ ਕੀਤਾ ਏ । ਮੁਲਜ਼ਮ ਖ਼ਿਲਾਫ਼ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਏ। ਐਸ.ਐਚ.ਓ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਮੁਲਜ਼ਮ ਤੋਂ ਪੁੱਛਗਿੱਛ ਤੋਂ ਪਤਾ ਲੱਗਿਆ ਏ ਕਿ ਉਸਨੇ ਪਹਿਲਾਂ ਅੰਬਾਲਾ ਵਿੱਚ ਅਫੀਮ ਦੀ ਖੇਪ ਪਹੁੰਚਾਈ ਸੀ ਅਤੇ ਇਸ ਵਾਰ ਉਸਨੇ ਜਲੰਧਰ ਸ਼ਹਿਰ ਵਿੱਚ ਅਫੀਮ ਦੀ ਖੇਪ ਪਹੁੰਚਾਉਣੀ ਸੀ, ਪਰ ਗਲਤ ਰੇਲਗੱਡੀ ਵਿੱਚ ਸਵਾਰ ਹੋਣ ਕਾਰਨ ਉਹ ਪਠਾਨਕੋਟ ਕੈਂਟ ਰੇਲਵੇ ਸਟੇਸ਼ਨ ਪਹੁੰਚ ਗਿਆ, ਜਿੱਥੇ ਜੀ.ਆਰ.ਪੀ ਨੇ ਚੈਕਿੰਗ ਦੌਰਾਨ ਉਸਨੂੰ ਫੜ ਲਿਆ। ਮੁਲਜ਼ਮ ਮੱਧ ਪ੍ਰਦੇਸ਼ ਦਾ ਰਹਿਣ ਵਾਲਾ ਏ।

---------------------------------------------------------------------------

ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਲ ਬਲਾਕ ਨਾਰਨੋਟ ਜੈਮਲ ਸਿੰਘ ਦੀਆਂ 87 ਪੰਚਾਇਤਾਂ ਦੇ ਨੁਮਾਇੰਦਿਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ । ਮੀਟਿੰਗ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਵੀ ਮੌਜੂਦ ਸਨ। ਮੰਤਰੀ ਨੇ ਕਿਹਾ ਕਿ ਵਿਕਾਸ ਕਾਰਜ ਨਿਰਧਾਰਤ ਸਮੇਂ ਵਿੱਚ ਹੀ ਪੂਰੇ ਕੀਤੇ ਜਾ ਸਕਦੇ ਨੇ ਜਦੋਂ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਪੰਚਾਇਤਾਂ ਵਿਚਕਾਰ ਬਿਹਤਰ ਤਾਲਮੇਲ ਹੋਵੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਮਾਣ ਕਾਰਜਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਮੰਤਰੀ ਨੇ ਕਿਹਾ ਕਿ ਕਈ ਪੰਚਾਇਤਾਂ ਨੇ ਮੀਟਿੰਗ ਵਿੱਚ ਹੋਰ ਮਹੱਤਵਪੂਰਨ ਵਿਕਾਸ

ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਅਧਿਕਾਰੀਆਂ ਨੂੰ ਹਰ ਕੰਮ ਨੂੰ ਨੋਟ ਕਰਨ ਅਤੇ ਨਿਸ਼ਾਨਦੇਹੀ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ ਤਾਂ ਜੋ ਇਨ੍ਹਾਂ ਪਿੰਡਾਂ ਵਿੱਚ ਜਲਦੀ ਤੋਂ ਜਲਦੀ ਕੰਮ ਸ਼ੁਰੂ ਹੋ ਸਕੇ।

---------------------------------------------------------------------

ਅਮ੍ਰਿਤਸਰ ਦਿਹਾਤੀ ਪੁਲਿਸ ਨੇ ਫ਼ੋਨ ਰਾਹੀਂ 10 ਲੱਖ ਦੀ ਫਿਰੋਤੀ ਮੰਗਣ ਵਾਲੇ ਗਿਰੋਹ ਦੇ 3 ਮੁਲਜ਼ਮਾਂ ਨੂੰ ਇੱਕ 12 ਬੋਰ ਰਾਈਫਲ, 5 ਜਿੰਦਾ ਰੌਂਦ ਤੇ ਇੱਕ ਮੋਟਰ ਸਾਈਕਲ ਸਮੇਤ ਗ੍ਰਿਫਤਾਰ ਕੀਤਾ ਏ ਸਿਨੀਅਰ ਕਪਤਾਨ ਪੁਲਿਸ ਮਨਿੰਦਰ ਸਿੰਘ ਨੇ ਦੱਸਿਆ ਕਿ 28 ਜੂਨ ਨੂੰ ਨਾ-ਮਲੂਮ ਵਿਅਕਤੀਆ ਵੱਲੋ ਪਿੰਡ ਰਾਮਦੀਵਾਲੀ ਹਿੰਦੂਆਂ ਵਾਸੀ ਜੱਜ ਸਿੰਘ ਨੂੰ ਇੱਕ ਪ੍ਰਾਈਵੇਟ ਨੰਬਰ ਤੋਂ ਕਾਲ ਕਰਕੇ 10 ਲੱਖ ਰੁਪਏ ਫਿਰੋਤੀ ਅਤੇ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ।ਟੀਮਾ ਨੇ ਮੁਲਜ਼ਮ ਅਲਕੜੇ ਦੇ ਪਵਨਪ੍ਰੀਤ ਸਿੰਘ ਉਰਫ ਪਵਨ ,ਸੋਹੀਆ ਖੁਰਦ ਦੇ ਕਾਰਜਪ੍ਰੀਤ ਸਿੰਘ ਉਰਫ ਕਾਰਜ ਅਤੇ ਸਾਜਨ ਉਰਫ ਕਾਲੂ ਨੂੰ 24 ਘੰਟਿਆ ਦੇ ਅੰਦਰ-ਅੰਦਰ ਗ੍ਰਿਫਤਾਰ ਕਰ ਲਿਆ ਗਿਆ । ਉਨ੍ਹਾਂ ਦਸਿਆ ਕਿ ਮੁਲਜ਼ਮਾਂ ਨੇ ਕਰਜ਼ ਦੀ ਅਦਾਇਗੀ ਲਈ ਇਸ ਸਾਜਿਸ਼ ਨੂੰ ਅੰਜਾਮ ਦਿੱਤਾ । ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

---------------------------------------------------------------------

ਮਾਨਸੂਨ ਸੀਜ਼ਨ ਦੇ ਮੱਦੇਨਜ਼ਰ ਪੰਜਾਬ ਦੇ ਬਾਗਬਾਨੀ, ਸੁਤੰਤਰਤਾ

ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਦੇ ਅਧਿਕਾਰੀਆਂ ਨੂੰ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਅਤੇ ਲੋਕਾਂ ਦੀ ਸੁਰੱਖਿਆ ਲਈ ਕਈ ਅਹਿਮ ਹਦਾਇਤਾਂ ਕੀਤੀਆਂ। ਕੈਬਨਿਟ ਮੰਤਰੀ ਨੇ ਅੱਜ ਜਲੰਧਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਜਲੰਧਰ ਇੰਪਰੂਵਮੈਂਟ ਟਰੱਸਟ ਦੀ ਚੇਅਰਪਰਸਨ ਰਾਜ-ਵਿੰਦਰ ਕੌਰ ਥਿਆੜਾ ਸਮੇਤ ਇਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਬਿਜਲੀ ਕਾਰਪੋਰੇਸ਼ਨ ਦੇ ਅਧਿਕਾਰੀਆਂ ਨੂੰ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਦੇ ਨਾਲ-ਨਾਲ ਬਿਜਲੀ ਮੀਟਰਾਂ ਦੇ ਖੁੱਲ੍ਹੇ ਪਏ ਬਕਸਿਆਂ ਨੂੰ ਬੰਦ ਕਰਨ ਅਤੇ ਉਨ੍ਹਾਂ ਨੂੰ ਢੁੱਕਵੀਂ ਉਚਾਈ ’ਤੇ ਲਗਾਉਣ ਦੀ ਹਦਾਇਤ ਕੀਤੀ ਤਾਂ ਜੋ ਕਿਸੇ ਵੀ ਦੁਰਘਟਨਾ ਤੋਂ ਬਚਿਆ ਜਾ ਸਕੇ । ਡਿਪਟੀ ਕਮਿਸ਼ਨਰ ਨੇ ਕੈਬਨਿਟ ਮੰਤਰੀ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਵਿੱਚੋਂ ਲਟਕਦੀਆਂ ਢਿੱਲੀਆਂ, ਗੈਰ-ਵਰਤੋਂਯੋਗ ਅਤੇ ਖ਼ਰਾਬ ਤਾਰਾਂ ਹਟਾਉਣ ਲਈ ਪਹਿਲਾਂ ਹੀ ਨਿਰਦੇਸ਼ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਬਿਜਲੀ ਕਾਰਪੋਰੇਸ਼ਨ ਦੇ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੰਦਿਆਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਜਲੰਧਰ ਵਾਸੀਆਂ ਨੂੰ ਬਿਜਲੀ ਸੰਬੰਧੀ ਕਿਸੇ ਵੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।

----------------------------------------------------------------------

ਪੰਜਾਬ ਵਿੱਚ ਮੌਨਸੂਨ ਦੀ ਦਸਤਕ ਦੇ ਨਾਲ ਸੂਬੇ ਭਰ ਵਿੱਚ ਬਹੁਤ ਸਾਰੀਆਂ ਥਾਵਾਂ ਤੇ ਬਾਰਿਸ਼ ਹੋਣ ਨਾਲ ਘੱਟੋ ਘੱਟ ਤਾਪਮਾਨ ਵਿੱਚ ਹੋਰ ਗਿਰਾਵਟ ਆਈ ਏ । ਮੌਸਮ ਵਿਭਾਗ ਮੁਤਾਬਿਕ ਅੱਜ ਤੋਂ ਲੈ ਕੇ 6 ਜੁਲਾਈ ਤੱਕ ਬਹੁਤ ਸਾਰੀਆਂ ਥਾਵਾਂ ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਜਾਰੀ ਰਹੇਗੀ । ਕੁਝ ਥਾਵਾਂ ਤੇ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਜਦਕਿ ਪਹਿਲੀ ਜੁਲਾਈ ਤੋਂ 6 ਜੁਲਾਈ ਤੱਕ ਕਈ ਥਾਵਾਂ ਤੇ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਵੀ ਕੀਤੀ ਗਈ ਏ ।

----------------------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪਸ਼ੂ ਚਿਕਿਤਸਾ ਅਤੇ ਦੇਖਭਾਲ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਲਈ ਨਵੀਂ ਤਕਨਾਲੋਜੀ ਦੀ ਵਰਤੋਂ ਦਾ ਸੱਦਾ ਦਿੱਤਾ ।
- ਪੰਜਾਬ ਪੁਲਿਸ, ਸੀਮਾ ਸੁਰੱਖਿਆ ਬਲ ਅਤੇ ਰਾਜਸਥਾਨ ਪੁਲਿਸ ਨੇ ਸਾਂਝੇ ਆਪ੍ਰੇਸ਼ਨ ਵਿੱਚ, ਪਾਕਿਸਤਾਨ ਤੋਂ ਸੰਚਾਲਿਤ ਇੱਕ ਅੰਤਰ-ਰਾਸ਼ਟਰੀ ਡਰੱਗ ਕਾਰਟੈਲ ਦਾ ਕੀਤਾ ਖ਼ਾਤਮਾ- 60 ਕਿਲੋ ਹੈਰੋਇਨ ਜ਼ਬਤ ।
- ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਪੰਜਾਬ ਸਰਕਾਰ ਵੱਲੋਂ ਲਿਆਂਦੀ ਲੈਂਡ ਪੂਲਿੰਗ ਨੀਤੀ ਨੂੰ ਚਿਟ ਫੰਡ ਸਕੀਮ ਕਰਾਰ

ਦਿੰਦਿਆਂ, ਸੂਬਾ ਸਰਕਾਰ ਵਲੋਂ ਲੋਕਾਂ ਨੂੰ ਗੁੰਮਰਾਹ ਕਰਨ ਦਾ ਦੋਸ਼ ਲਗਾਇਆ।

- ਮਾਨਸੂਨ ਸੀਜ਼ਨ ਦੇ ਮੱਦੇਨਜ਼ਰ ਕੈਬਿਨਟ ਮੰਤਰੀ ਮੋਹਿੰਦਰ ਭਗਤ ਵਲੋਂ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਨੂੰ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਅਤੇ ਲੋਕਾਂ ਦੀ ਸੁਰੱਖਿਆ ਲਈ ਹਦਾਇਤਾਂ ਜਾਰੀ ।
- -ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਹਿਮਾਚਲ ਪ੍ਰਦੇਸ਼ ਸਮੇਤ ਹੋਰਨਾਂ ਕਈ ਸੂਬਿਆਂ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ**

**ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**